3518

ਦਫਤਰ ਚੋਣਕਾਰ ਰਜਿਸਟਰੇਸ਼ਨ ਅਫਸਰ, 90-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ
-ਕਮ-ਉਪ ਮੰਡਲ ਮੈਜਿਸਟਰੇਟ,ਰਾਮਪੁਰਾ ਫੂਲ।
OFFICE OF THE ELECTORAL REGSITRATION OFFICER,-90-RAMPURA PHUL(AC)-CUM-SUB DIVISIONAL MAGISTRATE RAMPURA PHUL
Phone No. 01651-248225 Fax No. 01651-248025 E-mail: ero90rampuraphul@gmail.com

ਜ਼ਿੰਮੇਵਾਰ ਬਣੋ, ਵੋਟਰ ਬਣੋ

ਜ਼ਿੰਮੇਵਾਰ ਬਣੋ, ਵੋਟਰ ਬਣੋ

ਵੱਲ

ਸਮੂਹ ਵਿਭਾਗਾਂ ਦੇ ਮੁੱਖ,
ਸਮੂਹ ਬੀ.ਐਲ.ਓਜ਼,
090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ।

ਪੱਤਰ ਨੰ. 1816 /ਚੋਣਾਂ
ਮਿਤੀ.- 30 -08-2022

ਵਿਸ਼ਾ:- ਯੋਗਤਾ ਮਿਤੀ 01/01/2023 ਦੇ ਆਧਾਰ ਤੇ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਅਤੇ ਵੋਟਰ ਕਾਰਡਾਂ ਨੂੰ ਆਧਾਰ ਕਾਰਡਾਂ ਨਾਲ ਲਿੰਕ ਕਰਨ ਸਬੰਧੀ ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਮੁੱਖ ਚੋਣ ਅਫਸਰ, ਪੰਜਾਬ ਅਤੇ ਜਿਲ੍ਹਾ ਚੋਣ ਅਫਸਰ, ਬਠਿੰਡਾ ਜੀ ਵੱਲੋਂ ਪ੍ਰਾਪਤ ਹੋਏ ਆਦੇਸ਼ਾਂ ਅਨੁਸਾਰ ਮਿਤੀ-01-08-2022 ਤੋਂ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਅਤੇ ਸਮੂਹ ਵੋਟਰਾਂ ਦਾ ਡਾਟਾ ਆਧਾਰ ਕਾਰਡ ਨਾਲ ਲਿੰਕ ਕਰਨ ਦਾ ਕੰਮ ਪ੍ਰਗਤੀ ਅਧੀਨ ਹੈ। ਇਸ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਅਧੀਨ ਆਉਂਦੇ ਕ੍ਰਮਚਾਰੀ ਜਿਨ੍ਹਾਂ ਦੀ ਡਿਊਟੀ ਇਸ ਚੋਣ ਹਲਕੇ ਅਧੀਨ ਬਤੌਰ ਬੀ.ਐਲ.ਓ. ਲੱਗੀ ਹੋਈ ਹੈ, ਨੂੰ ਇਸ ਕੰਮ ਲਈ ਹਫਤੇ ਦੇ ਦੋ ਦਿਨ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਡਿਊਟੀ ਤੋਂ ਫਾਰਗ ਕੀਤਾ ਜਾਵੇ।

ਇਸਤੋਂ ਇਲਾਵਾ ਸਿੱਖਿਆ ਵਿਭਾਗ ਨਾਲ ਸਬੰਧਤ ਕ੍ਰਮਚਾਰੀ ਜਿਨ੍ਹਾਂ ਦੀ ਡਿਊਟੀ ਬਤੌਰ ਬੀ.ਐਲ.ਓ. ਲੱਗੀ ਹੋਈ ਹੈ, ਉਨ੍ਹਾਂ ਵੱਲੋਂ ਇਸ ਗੱਲ ਦਾ ਖਿਆਲ ਰੱਖਿਆ ਜਾਵੇ ਕਿ ਜੇਕਰ ਕਿਸੇ ਸਕੂਲ ਵਿੱਚ ਇੱਕ ਜਾਂ ਦੋ ਅਧਿਆਪਕ ਦੀ ਡਿਊਟੀ ਬਤੌਰ ਬੀ.ਐਲ.ਓ ਲੱਗੀ ਹੋਈ ਹੈ, ਉਹ ਆਪਣਾ ਰੋਸਟਰ ਬਣਾ ਲੈਣ ਤਾਂ ਜੋ ਸਕੂਲ ਖਾਲੀ ਨਾ ਛੱਡਿਆ ਜਾਵੇ ਅਤੇ ਜੇਕਰ ਕਿਸੇ ਸਕੂਲ ਵਿੱਚ ਇੱਕ ਹੀ ਅਧਿਆਪਕ ਹੈ ਤੇ ਉਹ ਬੀ.ਐਲ.ਓ. ਲੱਗਾ ਹੋਇਆ ਹੈ ਤਾਂ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ/ਐਲੀਮੈਂਟਰੀ ਬਠਿੰਡਾ ਉਸ ਸਕੂਲ ਵਿੱਚ ਅਧਿਆਪਕ ਦਾ ਇੰਤਜ਼ਾਮ ਕਰਨ ਦੇ ਜ਼ੁੰਮੇਵਾਰ ਹੋਣਗੇ ਤਾਂ ਜੋ ਇਸ ਸਮਾਂਬੱਧ ਕੰਮ ਨੂੰ ਸਮੇਂ ਸਿਰ ਪੂਰਾ ਕੀਤਾ ਜਾ ਸਕੇ।

ਚੋਣਕਾਰ ਰਜਿਸਟਰੇਸ਼ਨ ਅਫਸਰ-
ਕਮ-ਉਪ ਮੰਡਲ ਮੈਜਿਸਟ੍ਰੇਟ, ਰਾਮਪੁਰਾ ਫੂਲ।
(090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ)

ਪਿੱਠ ਅੰਕਣ ਨੰ........................../ਚੋਣ ਸ਼ਾਖਾਂ ਮਿਤੀ- /08/2022

ਇਸਦਾ ਇੱਕ ਉਤਾਰਾ:-

1. ਜਿਲ੍ਹਾ ਚੋਣ ਅਫਸਰ, ਬਠਿੰਡਾ ਜੀ ਪਾਸ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ ਜੀ।
2. ਸਮੂਹ ਸੁਪਰਵਾਈਜ਼ਰ, 090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ ਪਾਸ ਭੇਜਕੇ ਲਿਖਿਆ ਜਾਂਦਾ ਹੈ ਕਿ ਆਪਣੇ-ਆਪਣੇ ਅਧੀਨ ਕੰਮ ਕਰਦੇ ਬੀ.ਐਲ.ਓਜ਼ ਨਾਲ ਤਾਲਮੇਲ ਕਰਕੇ ਉਨ੍ਹਾਂ ਪਾਸੋਂ ਰੋਜ਼ਾਨਾ ਸ਼ਾਮ ਨੂੰ ਕੀਤੇ ਗਏ ਕੰਮ ਦੀ ਰਿਪੋਰਟ ਪ੍ਰਾਪਤ ਕਰਕੇ ਇਸ ਦਫ਼ਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ
ਕਮ-ਉਪ ਮੰਡਲ ਮੈਜਿਸਟ੍ਰੇਟ, ਰਾਮਪੁਰਾ ਫੂਲ।
(090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ)

30/8/22

Scanned by TapScanner